# HARJOT BAINS SHOOTS LETTER TO UNION EDUCATION MINISTER DEMANDING IMMEDIATE RESTORATION OF PUNJABI AS MAIN SUBJECT IN CBSE CURRICULUM

**•Punjab Education Minister demands inclusion of Punjabi in regional languages' list across India enabling interested students nationwide to study it**

**•Punjab already issues notification making Punjabi mandatory in all schools across the state, warns certificates will be null and void without it as a main subject**

**•After pressure, CBSE acknowledges mistake, but Punjab demands concrete action to reinstate Punjabi as a core subject, says Harjot Bains**

CHANDIGARH, February 27:

In a powerful and unyielding move, Punjab Government has once again jostled to wake the central government out of its deep slumber, demanding immediate action to restore Punjabi as a main subject in the Central Board of Secondary Education (CBSE) curriculum for Class 10 in Punjab, besides demanding inclusion of Punjabi language in the list of regional languages across India, ensuring that students nationwide have the option to study it.

Punjab School Education Minister S. Harjot Singh Bains, in a strongly-worded letter written to Union Education Minister Shri Dharmendra Pradhan, on Thursday, has expressed its strongest objection and deep resentment over the deliberate sidelining of Punjabi in the recently proposed CBSE exam pattern for Class 10 (2025-26), urging the central government to intervene and rectify what he termed as a direct attack on the linguistic and cultural identity of Punjab.

The letter came close on the heels of the Punjab government’s notification issued on February 26, 2025, which made Punjabi a mandatory main subject in all schools across the state, regardless of their educational board affiliation. The notification states that education certificates will be considered as null and void without Punjabi as a main subject.

In his letter, S. Harjot Singh Bains stated that as per the new scheme, only five main subjects-Mathematics, Science, Social Science, English, and Hindi-have been listed for regular board exams, effectively removing Punjabi from the category of main subjects and relegating it to an optional language, whose exam will be held alongside foreign languages in a single day. This is an unacceptable attempt to diminish Punjabi and cannot be tolerated, the letter reads.

“Additionally, Punjabi was omitted from the list of regional and foreign languages, while languages like German, French, Thai, and Japanese were

included. It was only after my strong protest and media pressure that CBSE was forced to acknowledge this grave mistake," he stated in his letter citing it as a deliberate move and a systematic effort to weaken Punjabi, which must be investigated.

He emphasised that Punjabi, one of India's most widely spoken languages, is not just a medium of communication but a cornerstone of Punjab's rich cultural heritage. Punjab has made immense sacrifices for the nation-during the freedom struggle and in safeguarding national security.

Citing that this move has hurt the sentiment of every Punjabi and such omission cannot be just termed as a clerical error, S. Harjot Singh Bains through his letter demanded a full investigation into this exclusion. "Also, I demand an immediate rollback of this discriminatory draft being violation of the State Law and a clear assurance that Punjabi will be reinstated as a main subject in CBSE schools across Punjab," the letter further reads.

-

**ਹਰਜੋਤ ਬੈਂਸ ਨੇ ਕੇਂਦਰੀ ਸਿੱਖਿਆ ਮੰਤਰੀ ਨੂੰ ਪੱਤਰ ਲਿਖ ਕੇ ਸੀ.ਬੀ.ਐਸ.ਈ. ਪਾਠਕ੍ਰਮ ਵਿੱਚ ਪੰਜਾਬੀ ਨੂੰ ਮੁੱਖ ਵਿਸ਼ੇ ਵਜੋਂ ਤੁਰੰਤ ਸ਼ਾਮਲ ਕਰਨ ਦੀ ਕੀਤੀ ਮੰਗ**

**•ਪੰਜਾਬ ਦੇ ਸਿੱਖਿਆ ਮੰਤਰੀ ਨੇ ਦੇਸ਼ ਭਰ ਦੀਆਂ ਖੇਤਰੀ ਭਾਸ਼ਾਵਾਂ ਦੀ ਸੂਚੀ ਵਿੱਚ ਪੰਜਾਬੀ ਨੂੰ ਸ਼ਾਮਲ ਕਰਨ ਦੀ ਕੀਤੀ ਮੰਗ ਤਾਂ ਜੋ ਦੇਸ਼ ਭਰ ਦੇ ਚਾਹਵਾਨ ਵਿਦਿਆਰਥੀਆਂ ਨੂੰ ਪੰਜਾਬੀ ਪੜ੍ਹਨ ਦਾ ਮੌਕਾ ਮਿਲ ਸਕੇ**

**•ਪੰਜਾਬ ਵੱਲੋਂ ਪਹਿਲਾਂ ਹੀ ਸੂਬੇ ਭਰ ਦੇ ਸਾਰੇ ਸਕੂਲਾਂ ਵਿੱਚ ਪੰਜਾਬੀ ਨੂੰ ਲਾਜ਼ਮੀ ਬਣਾਉਣ ਲਈ ਨੋਟੀਫਿਕੇਸ਼ਨ ਜਾਰੀ, ਪੰਜਾਬੀ ਨੂੰ ਮੁੱਖ ਵਿਸ਼ੇ ਵਜੋਂ ਨਾ ਪੜ੍ਹਾਉਣ ਵਾਲੇ ਸਕੂਲਾਂ ਦੇ ਸਰਟੀਫਿਕੇਟਾਂ ਨੂੰ ਨਹੀਂ ਮਿਲੇਗੀ ਮਾਨਤਾ**

**•ਦਬਾਅ ਉਪਰੰਤ, ਸੀ.ਬੀ.ਐਸ.ਈ. ਨੇ ਮੰਨੀ ਗਲਤੀ, ਪਰ ਪੰਜਾਬ ਵੱਲੋਂ ਪੰਜਾਬੀ ਨੂੰ ਮੁੱਖ ਵਿਸ਼ੇ ਵਜੋਂ ਬਹਾਲ ਕਰਨ ਲਈ ਠੋਸ ਕਾਰਵਾਈ ਦੀ ਮੰਗ: ਹਰਜੋਤ ਬੈਂਸ**

ਚੰਡੀਗੜ੍ਹ, 27 ਫਰਵਰੀ:

ਪੰਜਾਬ ਸਰਕਾਰ ਵੱਲੋਂ ਕੇਂਦਰ ਸਰਕਾਰ ਨੂੰ ਡੂੰਘੀ ਨੀਂਦ ਵਿੱਚੋਂ ਜਗਾਉਣ ਲਈ ਅੱਜ ਫਿਰ ਦਲੇਰਾਨਾ ਅਤੇ ਸਖ਼ਤ ਕਦਮ ਚੁੱਕਦਿਆਂ ਪੰਜਾਬ ਵਿੱਚ 10ਵੀਂ ਜਮਾਤ ਲਈ ਕੇਂਦਰੀ ਸੈਕੰਡਰੀ ਸਿੱਖਿਆ ਬੋਰਡ (ਸੀ.ਬੀ.ਐਸ.ਈ.) ਦੇ ਪਾਠਕ੍ਰਮ ਵਿੱਚ ਪੰਜਾਬੀ ਨੂੰ ਮੁੱਖ ਵਿਸ਼ੇ ਵਜੋਂ ਬਹਾਲ ਕਰਨ ਲਈ ਤੁਰੰਤ ਕਾਰਵਾਈ ਕਰਨ ਦੇ ਨਾਲ ਨਾਲ ਦੇਸ਼ ਭਰ ਦੀਆਂ ਖੇਤਰੀ ਭਾਸ਼ਾਵਾਂ ਦੀ ਸੂਚੀ ਵਿੱਚ ਪੰਜਾਬੀ ਭਾਸ਼ਾ ਨੂੰ ਸ਼ਾਮਲ ਕਰਨ ਦੀ ਮੰਗ ਕੀਤੀ ਗਈ ਹੈ ਤਾਂ ਜੋ ਦੇਸ਼ ਭਰ ਦੇ ਵਿਦਿਆਰਥੀਆਂ ਨੂੰ ਪੰਜਾਬੀ ਭਾਸ਼ਾ ਪੜ੍ਹਨ ਦਾ ਵਿਕਲਪ ਦਿੱਤਾ ਜਾ ਸਕੇ।

ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਸ. ਹਰਜੋਤ ਸਿੰਘ ਬੈਂਸ ਨੇ ਅੱਜ ਕੇਂਦਰੀ ਸਿੱਖਿਆ ਮੰਤਰੀ ਸ੍ਰੀ ਧਰਮੇਂਦਰ ਪ੍ਰਧਾਨ ਨੂੰ ਪੱਤਰ ਲਿਖਿਆ ਹੈ, ਜਿਸ ਵਿੱਚ ਹਾਲ ਹੀ ਵਿੱਚ ਜਾਰੀ ਕੀਤੇ ਗਏ ਸੀ.ਬੀ.ਐਸ.ਈ. 10ਵੀਂ ਜਮਾਤ (2025-26) ਦੇ ਪ੍ਰੀਖਿਆ ਪੈਟਰਨ ਵਿੱਚ ਪੰਜਾਬੀ ਨੂੰ ਜਾਣਬੁੱਝ ਕੇ ਦਰਕਿਨਾਰ ਕਰਨ 'ਤੇ ਆਪਣਾ ਸਖ਼ਤ ਇਤਰਾਜ਼ ਅਤੇ ਡੂੰਘੀ ਨਾਰਾਜ਼ਗੀ ਜ਼ਾਹਿਰ ਕੀਤੀ ਹੈ ਅਤੇ ਕੇਂਦਰ ਸਰਕਾਰ ਨੂੰ ਤੁਰੰਤ ਦਖ਼ਲ ਦੇਣ ਅਤੇ ਇਸ ਵੱਡੀ ਕੁਤਾਹੀ ਨੂੰ ਸੁਧਾਰਨ ਦੀ ਅਪੀਲ ਕੀਤੀ ਹੈ। ਉਨ੍ਹਾਂ ਕਿਹਾ ਕਿ ਇਹ ਕਦਮ ਪੰਜਾਬ ਦੀ ਭਾਸ਼ਾਈ ਅਤੇ ਸੱਭਿਆਚਾਰਕ ਪਛਾਣ 'ਤੇ ਸਿੱਧਾ ਹਮਲਾ ਹੈ।

ਪੰਜਾਬ ਸਰਕਾਰ ਵੱਲੋਂ 26 ਫਰਵਰੀ, 2025 ਨੂੰ ਜਾਰੀ ਨੋਟੀਫਿਕੇਸ਼ਨ ਤੋਂ ਇਕ ਦਿਨ ਬਾਅਦ ਅੱਜ ਇਹ ਪੱਤਰ ਭੇਜਿਆ ਗਿਆ ਹੈ। ਇਸ ਨੋਟੀਫਿਕੇਸ਼ਨ ਵਿੱਚ ਸੂਬੇ ਭਰ ਦੇ ਸਾਰੇ ਸਕੂਲਾਂ ਵਿੱਚ ਪੰਜਾਬੀ ਨੂੰ ਲਾਜ਼ਮੀ ਮੁੱਖ ਵਿਸ਼ਾ ਬਣਾ ਦਿੱਤਾ ਗਿਆ ਸੀ, ਭਾਵੇਂ ਸਕੂਲ ਕਿਸੇ ਵੀ ਵਿਦਿਅਕ ਬੋਰਡ ਨਾਲ ਸਬੰਧ ਰੱਖਦਾ ਹੋਵੇ। ਇਸ ਨੋਟੀਫਿਕੇਸ਼ਨ ਮੁਤਾਬਕ ਪੰਜਾਬੀ ਨੂੰ ਮੁੱਖ ਵਿਸ਼ੇ ਵਜੋਂ ਨਾ ਪੜ੍ਹਾਉਣ ਵਾਲੇ ਸਕੂਲਾਂ ਦੇ ਸਰਟੀਫਿਕੇਟਾਂ ਨੂੰ ਮਾਨਤਾ ਨਹੀਂ ਦਿੱਤੀ ਜਾਵੇਗੀ।

ਆਪਣੇ ਪੱਤਰ ਵਿੱਚ ਸ. ਹਰਜੋਤ ਸਿੰਘ ਬੈਂਸ ਨੇ ਲਿਖਿਆ ਕਿ ਨਵੇਂ ਪੈਟਰਨ ਦੇ ਅਨੁਸਾਰ ਸਿਰਫ ਪੰਜ ਮੁੱਖ ਵਿਸ਼ੇ - ਗਣਿਤ, ਵਿਗਿਆਨ, ਸਮਾਜਿਕ ਵਿਗਿਆਨ, ਅੰਗਰੇਜ਼ੀ ਅਤੇ ਹਿੰਦੀ- ਨੂੰ ਨਿਯਮਤ ਬੋਰਡ ਪ੍ਰੀਖਿਆਵਾਂ ਲਈ

ਸੂਚੀਬੱਧ ਕੀਤਾ ਗਿਆ ਹੈ, ਜਿਸ ਨਾਲ ਪੰਜਾਬੀ ਨੂੰ ਮੁੱਖ ਵਿਸ਼ਿਆਂ ਦੀ ਸ਼੍ਰੇਣੀ ਵਿੱਚੋਂ ਹਟਾ ਦਿੱਤਾ ਗਿਆ ਹੈ, ਜਿਸਦੀ ਪ੍ਰੀਖਿਆ ਵਿਦੇਸ਼ੀ ਭਾਸ਼ਾਵਾਂ ਦੇ ਨਾਲ ਇਕੋ ਦਿਨ ਹੋਵੇਗੀ। ਇਹ ਪੰਜਾਬੀ ਵਿਸ਼ੇ ਨੂੰ ਖ਼ਤਮ ਕਰਨ ਦੀ ਕੋਸ਼ਿਸ਼ ਹੈ, ਜਿਸਨੂੰ ਕਿਸੇ ਵੀ ਕੀਮਤ ਉੱਤੇ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਉਨ੍ਹਾਂ ਅੱਗੇ ਲਿਖਿਆ ਕਿ ਇਸ ਤੋਂ ਇਲਾਵਾ ਪੰਜਾਬੀ ਨੂੰ ਖੇਤਰੀ ਅਤੇ ਵਿਦੇਸ਼ੀ ਭਾਸ਼ਾਵਾਂ ਦੀ ਸੂਚੀ ਵਿੱਚੋਂ ਵੀ ਬਾਹਰ ਕਰ ਦਿੱਤਾ ਗਿਆ ਸੀ, ਜਦੋਂ ਕਿ ਜਰਮਨ, ਫਰੈਂਚ, ਥਾਈ ਅਤੇ ਜਾਪਾਨੀ ਵਰਗੀਆਂ ਭਾਸ਼ਾਵਾਂ ਨੂੰ ਸੂਚੀ 'ਚ ਰੱਖਿਆ ਗਿਆ ਸੀ। ਉਨ੍ਹਾਂ ਅੱਗੇ ਕਿਹਾ ਕਿ ਇਸ ਮਾਮਲੇ 'ਚ ਮੇਰੇ ਵੱਲੋਂ ਸਖ਼ਤ ਵਿਰੋਧ ਅਤੇ ਮੀਡੀਆ ਦੇ ਦਬਾਅ ਦੇ ਚਲਦਿਆਂ ਬਾਅਦ ਵਿੱਚ ਸੀ.ਬੀ.ਐਸ.ਈ. ਨੂੰ ਇਸ ਗੰਭੀਰ ਗਲਤੀ ਨੂੰ ਸਵੀਕਾਰਨ ਲਈ ਮਜਬੂਰ ਹੋਣਾ ਪਿਆ। ਉਨ੍ਹਾਂ ਨੇ ਆਪਣੇ ਪੱਤਰ ਵਿੱਚ ਇਸਨੂੰ ਜਾਣਬੁੱਝ ਕੇ ਪੰਜਾਬੀ ਨੂੰ ਦਰਕਿਨਾਰ ਕਰਨ ਦੀ ਇੱਕ ਯੋਜਨਾਬੱਧ ਸਾਜ਼ਿਸ਼ ਦੱਸਦਿਆਂ, ਇਸਦੀ ਮਾਮਲੇ ਦੀ ਜਾਂਚ ਕਰਵਾਉਣ ਦੀ ਮੰਗ ਕੀਤੀ ਹੈ।

ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਦੀਆਂ ਸਭ ਤੋਂ ਵੱਧ ਬੋਲੀਆਂ ਜਾਣ ਵਾਲੀਆਂ ਭਾਸ਼ਾਵਾਂ ਵਿੱਚੋਂ ਇੱਕ ਪੰਜਾਬੀ ਸਿਰਫ਼ ਸੰਚਾਰ ਦਾ ਮਾਧਿਅਮ ਨਹੀਂ ਹੈ, ਸਗੋਂ ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਦਾ ਠੋਸ ਆਧਾਰ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੇ ਆਜ਼ਾਦੀ ਸੰਗਰਾਮ ਅਤੇ ਰਾਸ਼ਟਰੀ ਸੁਰੱਖਿਆ ਲਈ ਦੇਸ਼ ਹਿੱਤ ਵਿੱਚ ਵੱਡੀਆਂ ਕੁਰਬਾਨੀਆਂ ਦਿੱਤੀਆਂ ਹਨ।

ਸ. ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਕੇਂਦਰ ਸਰਕਾਰ ਦੇ ਇਸ ਕਦਮ ਨਾਲ ਹਰੇਕ ਪੰਜਾਬੀ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚੀ ਹੈ ਅਤੇ ਇਸ ਬੱਜਰ ਕੁਤਾਹੀ ਨੂੰ ਸਿਰਫ਼ ਕਲੈਰੀਕਲ ਗਲਤੀ ਨਹੀਂ ਕਿਹਾ ਜਾ ਸਕਦਾ ਹੈ। ਉਨ੍ਹਾਂ ਨੇ ਪੰਜਾਬੀ ਨੂੰ ਦਰਕਿਨਾਰ ਕਰਨ ਖ਼ਿਲਾਫ਼ ਮੁਕੰਮਲ ਜਾਂਚ ਦੀ ਮੰਗ ਕੀਤੀ ਹੈ। ਉਨ੍ਹਾਂ ਨੇ ਪੱਤਰ ਵਿੱਚ ਲਿਖਿਆ, "ਮੈਂ ਰਾਜ ਦੇ ਹੱਕਾਂ ਤੇ ਕਾਨੂੰਨ ਦੀ ਉਲੰਘਣਾ ਕਰਨ ਵਾਲੇ ਇਸ ਪੱਖਪਾਤੀ ਖਰੜੇ ਨੂੰ ਤੁਰੰਤ ਵਾਪਸ ਲੈਣ ਦੀ ਮੰਗ ਕਰਦਾ ਹਾਂ ਅਤੇ ਕੇਂਦਰ ਸਰਕਾਰ ਤੋਂ ਸਪੱਸ਼ਟ ਭਰੋਸਾ ਚਾਹੁੰਦਾ ਹਾਂ ਕਿ ਪੰਜਾਬ ਭਰ ਦੇ ਸਾਰੇ ਸੀਬੀਐਸਈ ਸਕੂਲਾਂ ਵਿੱਚ ਪੰਜਾਬੀ ਨੂੰ ਮੁੱਖ ਵਿਸ਼ੇ ਵਜੋਂ ਬਹਾਲ ਕੀਤਾ ਜਾਵੇਗਾ।

--------------

**हरजोत बैंस ने केंद्रीय शिक्षा मंत्री को पत्र लिखकर सीबीएसई पाठ्यक्रम में पंजाबी को मुख्य विषय के रूप में तुरंत शामिल करने की मांग की**

*** पंजाब के शिक्षा मंत्री ने पूरे देश की क्षेत्रीय भाषाओं की सूची में पंजाबी को शामिल करने की मांग की, ताकि देशभर के इच्छुक विद्यार्थियों को पंजाबी पढ़ने का अवसर मिल सके**

*** पंजाब सरकार पहले ही प्रदेश के सभी स्कूलों में पंजाबी को अनिवार्य करने का नोटिफिकेशन जारी कर चुकी है, पंजाबी को मुख्य विषय के रूप में न पढ़ाने वाले स्कूलों के प्रमाणपत्रों को नहीं मिलेगी मान्यता**

*** दबाव के बाद, सीबीएसई ने अपनी गलती मानी, लेकिन पंजाब ने पंजाबी को मुख्य विषय के रूप में बहाल करने के लिए ठोस कार्रवाई की मांग की: हरजोत बैंस**

**चंडीगढ़, 27 फरवरी:**

पंजाब सरकार ने केंद्र सरकार को गहरी निंद्रा से जागने के लिए आज फिर से सख्त रुख अपनाते हुए केंद्रीय माध्यमिक शिक्षा बोर्ड (सीबीएसई) के पाठ्यक्रम में पंजाबी को दसवीं कक्षा के लिए मुख्य विषय के रूप में बहाल करने और पूरे देश में क्षेत्रीय भाषाओं की सूची में पंजाबी को शामिल करने की मांग की है। इसका उद्देश्य यह सुनिश्चित करना है कि देशभर के विद्यार्थी पंजाबी भाषा को पढ़ने का विकल्प चुन सकें।

पंजाब के स्कूल शिक्षा मंत्री स हरजोत सिंह बैंस ने आज केंद्रीय शिक्षा मंत्री श्री धर्मेंद्र प्रधान को पत्र लिखकर सीबीएसई द्वारा जारी दसवीं कक्षा (2025-26) की परीक्षा प्रणाली में पंजाबी को जानबूझकर नजरअंदाज करने पर कड़ा ऐतराज और गहरी नाराजगी जताई है। उन्होंने केंद्र सरकार से तुरंत हस्तक्षेप कर इस गंभीर गलती को सुधारने की अपील की। उन्होंने कहा कि यह कदम पंजाब की भाषाई और सांस्कृतिक पहचान पर सीधा प्रहार है।

पंजाब सरकार ने 26 फरवरी, 2025 को एक नोटिफिकेशन जारी कर प्रदेश के सभी स्कूलों में पंजाबी को अनिवार्य मुख्य विषय बना दिया था, चाहे वे किसी भी शैक्षिक बोर्ड से संबंधित हों। इस अधिसूचना के तहत, जो स्कूल पंजाबी को मुख्य विषय के रूप में नहीं पढ़ाएंगे, उनके स्कूलों के प्रमाणपत्रों को मान्यता नहीं दी जाएगी।

अपने पत्र में स हरजोत सिंह बैंस ने लिखा कि नए परीक्षा पैटर्न में केवल पांच मुख्य विषयों—गणित, विज्ञान, सामाजिक विज्ञान, अंग्रेजी और हिंदी—को नियमित बोर्ड परीक्षाओं के लिए सूचीबद्ध किया गया है, जिससे पंजाबी को मुख्य विषयों की श्रेणी से हटा दिया गया है। इसके कारण अब पंजाबी भाषा की परीक्षा विदेशी भाषाओं के साथ एक ही दिन आयोजित होगी। उन्होंने इस बदलाव को पंजाबी भाषा को समाप्त करने की सोची-समझी साजिश करार दिया और इसे किसी भी कीमत पर बर्दाश्त न करने की बात कही।

उन्होंने आगे लिखा कि इसके अलावा, पंजाबी को क्षेत्रीय और विदेशी भाषाओं की सूची से भी हटा दिया गया है, जबकि जर्मन, फ्रेंच, थाई और जापानी जैसी भाषाओं को सूची में शामिल रखा गया है। उन्होंने कहा कि उनके सख्त विरोध और मीडिया के दबाव के चलते अंततः सीबीएसई को इस गंभीर गलती को स्वीकार करना पड़ा। उन्होंने इस मामले की गहन जांच करवाने की मांग की है।

उन्होंने इस बात पर जोर दिया कि पंजाबी केवल एक भाषा नहीं, बल्कि पंजाब की समृद्ध सांस्कृतिक

विरासत की मजबूत नींव है। उन्होंने कहा कि पंजाब ने स्वतंत्रता संग्राम और राष्ट्रीय सुरक्षा के लिए देशहित में बड़ी कुर्बानियां दी हैं।

स हरजोत सिंह बैंस ने कहा कि केंद्र सरकार के इस फैसले से हर पंजाबी की भावनाओं को ठेस पहुंची है और इसे मात्र एक प्रशासनिक भूल नहीं कहा जा सकता। उन्होंने पंजाबी भाषा को नजरअंदाज करने के इस भेदभावपूर्ण फैसले की पूर्ण जांच की मांग की है। उन्होंने अपने पत्र में लिखा, "मैं राज्य के अधिकारों और कानून का उल्लंघन करने वाले इस पक्षपातपूर्ण आदेश को तुरंत वापस लेने की मांग करता हूं और केंद्र सरकार से स्पष्ट आश्वासन चाहता हूं कि पंजाब के सभी सीबीएसई स्कूलों में पंजाबी को मुख्य विषय के रूप में बहाल किया जाएगा।"

-------------